ਦਫਤਰ:- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ,
ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)।

**E-mail Id : pwdmohali@gmail.com Tel. & Fax No. 0172-2226328**

ਵੱਲ,

The Principal,
Shri Guru Ram Rai Public School,
VPO Behrampur Bet,
District Ropar.

ਨੰ: 3938 ਮਿਤੀ: 21-05-24

ਵਿਸ਼ਾ:- ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।

ਹਵਾਲਾ:- ਪ੍ਰਿੰਸੀਪਲ, Shri Guru Ram Rai Public School, ਜਿਲ੍ਹਾ ਰੂਪਨਗਰ ਦਾ ਪੱਤਰ ਨੰ. SGRR/B.BET/2024 ਮਿਤੀ 24-04-2024 ਰੂਪਨਗਰ ਵੱਲ ਅਤੇ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ. 1, ਰੂਪਨਗਰ ਦਾ ਪੱਤਰ ਨੰ. 528 ਅਤੇ ਮਿਤੀ 14-05-2024

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ.1, ਲੋ.ਨਿ.ਵਿ. ਭ ਤੇ ਮ ਸ਼ਾਖਾ, ਰੂਪਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਆਰਡਰ ਨੰ. 5/13/2018-3BR3/1294287/3 ਮਿਤੀ 10-08-2018 ਰਾਹੀਂ ਸਕੂਲ ਵੱਲੋਂ ਇਮਾਰਤ ਦੀ ਲੋੜੀਂਦੀ ਇੰਸਪੈਕਸ਼ਨ ਫੀਸ ਰੁਪਏ 10,000/-ਗੌਰਮਿੰਟ ਰਸੀਟ ਨੰ. Y-1942967 ਮਿਤੀ 07-05-2024 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪ ਮੰਡਲ ਇੰਜੀਨੀਅਰ ਦੀ ਸਬੰਧਤ ਰਿਪੋਰਟ ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ 31-03-2025 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1. ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ/ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ।
2. ਜੇ ਬਿਲਡਿੰਗ ਹੜ੍ਹਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈੱਕ ਕਰਵਾਇਆ ਜਾਵੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ ਨਗਰ ਵੱਲੋਂ ਉਨ੍ਹਾਂ ਦੇ ਨੰ. NOC No. 1907-88141-Fire/66820 ਮਿਤੀ 18-04-2024 ਦੁਆਰਾ ਜਾਰੀ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਲਿਖਿਆ ਗਿਆ ਹੈ ਕਿ ਅੱਗ ਬੁਝਾਉ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਜੇ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ- ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।
5. ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਨੱਥੀ/-

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ. ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ.1, ਲੋ.ਨਿ.ਵਿਭਾਗ ਭ ਤੇ ਮ ਸ਼ਾਖਾ, ਰੂਪਨਗਰ ਨੂੰ ਉਨ੍ਹਾਂ ਦਾ ਪੱਤਰ ਨੰ. 528 ਮਿਤੀ 14-05-2024 ਦੇ ਹਵਾਲੇ ਵਿੱਚ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਨੱਥੀ/-

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।